**ੴ ਸਤਿਗੁਰ ਪ੍ਰਸਾਦਿ ॥ ਰਾਗੁ ਸੂਹੀ ਛੰਤ ਮਹਲਾ ੧ ਘਰੁ ੪ ॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥ ਜੇ ਗੁਣ ਹੋਵਨ੍ਹ੍ਹਿ ਸਾਜਨਾ ਮਿਲਿ ਸਾਝ ਕਰੀਜੈ ॥ ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ ॥ ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ ॥ ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ ॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥੩॥** {ਪੰਨਾ 765-766}

ਪਦਅਰਥ:- ਵਾਸ—{**ਵਾਸੁ—ਟੋ ਮਓਕਏ ਡਰਓਗਰਓਨਟ** ਸੁਗੰਧਿਤ ਕਰਨਾ} ਸੁਗੰਧੀ, ਖ਼ੁਸ਼ਬੂ। ਵਾਸੁਲਾ—ਸੁਗੰਧੀ ਦੇਣ ਵਾਲੀਆਂ ਚੀਜ਼ਾਂ ਦਾ ਡੱਬਾ। ਕਢਿ—ਕੱਢ ਕੇ। ਲਈਜੈ—ਲੈਣੀ ਚਾਹੀਦੀ ਹੈ। ਸਾਜਨਾ ਮਿਲਿ—ਗੁਰਮੁਖਾਂ ਨਾਲ ਮਿਲ ਕੇ। ਸਾਝ—ਗੁਣਾਂ ਦੀ ਸਾਂਝ। ਕਰੀਜੈ—ਕਰਨੀ ਚਾਹੀਦੀ ਹੈ। ਗੁਣਹ ਕੇਰੀ—ਗੁਣਾਂ ਦੀ। ਕੇਰੀ—ਦੀ। ਛੋਡਿ—ਤਿਆਗ ਕੇ। ਚਲੀਐ—ਜੀਵਨ-ਸਫ਼ਰ ਵਿਚ ਤੁਰਨਾ ਚਾਹੀਦਾ ਹੈ। ਪਹਿਰੇ—ਪਹਿਰਿ, ਪਹਿਨ ਕੇ। ਪਟੰਬਰ—{ਪਟ-ਅੰਬਰ} ਰੇਸ਼ਮ ਦੇ ਕੱਪੜੇ, ਕੋਮਲਤਾ ਤੇ ਪ੍ਰੇਮ ਦਾ ਵਰਤਾਵ। ਅਡੰਬਰ—ਹਾਰ-ਸਿੰਗਾਰ, ਸੋਹਣੇ ਉੱਦਮ। ਮਲੀਐ—ਮੱਲ ਲੈਣਾ ਚਾਹੀਦਾ ਹੈ, ਮੱਲਿਆ ਜਾ ਸਕਦਾ ਹੈ। ਆਪਣਾ ਪਿੜੁ ਮਲੀਐ—ਦੁਨੀਆ ਦੇ ਵਿਕਾਰਾਂ ਦੇ ਟਾਕਰੇ ਤੇ ਪਿੜ ਮੱਲਿਆ ਜਾ ਸਕਦਾ ਹੈ, ਵਿਕਾਰਾਂ ਦੇ ਟਾਕਰੇ ਤੇ ਕੁਸ਼ਤੀ ਜਿੱਤੀ ਜਾ ਸਕਦੀ ਹੈ {ਨੋਟ:- ਜਗਤ ਵਿਚ ਜੀਵ, ਮਾਨੋ, ਪਹਿਲਵਾਨ ਹੈ। ਕਾਮਾਦਿਕ ਵਿਕਾਰਾਂ ਨਾਲ ਇਸ ਦੀ ਕੁਸ਼ਤੀ ਹੋ ਰਹੀ ਹੈ। ਜੇਹੜਾ ਹਾਰ ਜਾਂਦਾ ਹੈ ਉਹ ਪਿੜ ਵਿਚੋਂ ਭੱਜ ਜਾਂਦਾ ਹੈ}। ਪਿੜੁ—ਉਹ ਥਾਂ ਜਿੱਥੇ ਕੁਸ਼ਤੀਆਂ ਹੁੰਦੀਆਂ ਹਨ, ਘੋਲ ਹੁੰਦੇ ਹਨ। ਕਹੀਐ—ਕਹਿਣਾ ਚਾਹੀਦਾ ਹੈ। ਝੋਲਿ—ਹਿਲਾ ਕੇ, ਨਿਤਾਰ ਕੇ, ਵਿਕਾਰਾਂ ਦੇ ਬੂਰ ਆਦਿਕ ਨੂੰ ਪਰੇ ਹਟਾ ਕੇ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪੀਜੈ—ਪੀਣਾ ਚਾਹੀਦਾ ਹੈ।3।

ਅਰਥ:- (ਜੇ ਕਿਸੇ ਮਨੁੱਖ ਪਾਸ ਸੁਗੰਧੀ ਦੇਣ ਵਾਲੀਆਂ ਚੀਜ਼ਾਂ ਨਾਲ ਭਰਿਆ ਡੱਬਾ ਹੋਵੇ, ਉਸ ਡੱਬੇ ਦਾ ਲਾਭ ਉਸ ਨੂੰ ਤਦੋਂ ਹੀ ਹੈ ਜੇ ਉਹ ਡੱਬਾ ਖੋਹਲ ਕੇ ਉਹ ਸੁਗੰਧੀ ਲਏ। ਗੁਰਮੁਖਾਂ ਦੀ ਸੰਗਤਿ ਗੁਣਾਂ ਦਾ ਡੱਬਾ ਹੈ) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ, ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ। (ਹੇ ਭਾਈ!) ਜੇ ਤੂੰ ਚਾਹੁੰਦਾ ਹੈਂ ਕਿ ਤੇਰੇ ਅੰਦਰ ਗੁਣ ਪੈਦਾ ਹੋਣ, ਤਾਂ ਗੁਰਮੁਖਾਂ ਨੂੰ ਮਿਲ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ। (ਗੁਰਮੁਖਾਂ ਨਾਲ) ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ, ਇਸ ਤਰ੍ਹਾਂ (ਅੰਦਰੋਂ) ਔਗੁਣ ਤਿਆਗ ਕੇ ਜੀਵਨ-ਰਾਹ ਤੇ ਤੁਰ ਸਕੀਦਾ ਹੈ, ਸਭ ਨਾਲ ਪ੍ਰੇਮ ਵਾਲਾ ਵਰਤਾਵ ਕਰ ਕੇ ਤੇ ਭਲਾਈ ਦੇ ਸੋਹਣੇ ਉੱਦਮ ਕਰ ਕੇ ਵਿਕਾਰਾਂ ਦੇ ਟਾਕਰੇ ਤੇ ਜੀਵਨ-ਘੋਲ ਜਿੱਤਿਆ ਜਾ ਸਕਦਾ ਹੈ।

(ਗੁਰਮੁਖਾਂ ਦੀ ਸੰਗਤਿ ਦੀ ਬਰਕਤਿ ਨਾਲ ਫਿਰ) ਜਿੱਥੇ ਭੀ ਜਾ ਕੇ ਬੈਠੀਏ ਭਲਾਈ ਦੀ ਗੱਲ ਹੀ ਕੀਤੀ ਜਾ ਸਕਦੀ ਹੈ, ਤੇ ਮੰਦੇ ਪਾਸੇ ਵਲੋਂ ਹਟ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ।

(ਹੇ ਭਾਈ!) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ।3।